ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ
ਐਸ.ਸੀ.ਓ.ਨੰ: 104-106, ਦੂਜੀ ਮੰਜਿਲ, ਸੈਕਟਰ-34 ਏ,ਚੰਡੀਗੜ੍ਹ

ਵੱਲ

ਸਮੂਹ ਡਿਪਟੀ ਕਮਿਸ਼ਨਰ
ਪੰਜਾਬ।

ਮੀਮੋ ਨੰ: 2012/ਸਸਅ/ਕੋਆਰਡੀਨੇਸ਼ਨ/ 86098
ਮਿਤੀ,ਚੰਡੀਗੜ੍ਹ: 21 ਸਤੰਬਰ 2012

ਵਿਸ਼ਾ: ਅਧਿਆਪਕਾਂ ਤੋਂ ਵੋਟਰ ਸੂਚੀ ਦੀ ਸੁਧਾਈ ਜਾਂ ਬੀ.ਐਲ.ਓ ਦੀ ਡਿਊਟੀ/ਟਰੇਨਿੰਗ ਆਦਿ ਸਕੂਲ ਸਮੇਂ ਤੋਂ ਬਾਅਦ ਜਾਂ ਛੁੱਟੀ ਵਾਲੇ ਦਿਨ ਕਰਵਾਉਣ ਸਬੰਧੀ ।

1.0 ਉਪਰੋਕਤ ਵਿਸ਼ੇ ਸਬੰਧੀ ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਜ਼ਿਲ੍ਹਿਆਂ ਵਿੱਚ ਅਧਿਆਪਕਾਂ ਦੀ ਵੋਟਰ ਸੂਚੀ ਦੀ ਸੁਧਾਈ ਦੀ ਡਿਊਟੀ ਸਬੰਧੀ ਟਰੇਨਿੰਗ ਵਰਕਿੰਗ ਸਮੇਂ ਵਿੱਚ ਦਿੱਤੀ ਜਾ ਰਹੀ ਹੈ ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ । ਮੁੱਖ ਚੋਣ ਅਫਸਰ ਪੰਜਾਬ ਜੀ ਦੀ ਸਹਿਮਤੀ ਨਾਲ ਜਾਰੀ ਕੀਤੇ ਗਏ ਇਸ ਦਫਤਰ ਦੇ ਪੱਤਰ ਨੰ: 2012/ਸਸਅ/ਕੋਆਰਡੀਨੇਸ਼ਨ/85668ਮਿਤੀ 14.9.2012 ਰਾਹੀਂ ਸਪਸ਼ਟ ਕੀਤਾ ਗਿਆ ਸੀ ਕਿ ਅਧਿਆਪਕਾਂ ਤੋਂ ਵੋਟਰ ਸੂਚੀ ਦੀ ਸੁਧਾਈ ਜਾਂ ਬੂਥ ਲੈਵਲ ਅਫਸਰ(ਬੀ.ਐਲ.ਓ) ਸਬੰਧੀ ਕੰਮ ਸਕੂਲੀ ਸਮੇਂ ਵਿੱਚ ਬਿਲਕੁਲ ਨਹੀਂ ਲਿਆ ਜਾਵੇਗਾ ਸਗੋਂ ਇਹ ਕੰਮ ਛੁੱਟੀ ਵਾਲੇ ਦਿਨ ਜਾਂ ਸਕੂਲੀ ਸਮੇਂ ਤੋਂ ਬਾਅਦ ਵਿੱਚ ਲਿਆ ਜਾਵੇਗਾ ।

2.0 ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਦੇ ਅਧੀਨ ਕੰਮ ਕਰਦੇ ਸਾਰੇ ਚੋਣ ਅਧਿਕਾਰੀਆਂ ਨੂੰ ਉਪਰੋਕਤ ਅਨੁਸਾਰ ਹਦਾਇਤ ਕੀਤੀ ਜਾਵੇ ਜੀ ਤਾਂ ਜੋ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਕੰਮ ਛੁੱਟੀ ਵਾਲੇ ਦਿਨ ਜਾਂ ਸਕੂਲ ਦੇ ਸਮੇਂ ਤੋਂ ਬਾਅਦ ਵਿੱਚ ਕੀਤਾ ਜਾਵੇ ਤਾਂ ਜੋ ਬੱਚਿਆਂ ਦੀ ਪੜ੍ਹਾਈ ਦਾ ਕੋਈ ਹਰਜ਼ ਨਾ ਹੋਵੇ ਅਤੇ ਬੱਚਿਆਂ ਦੇ ਲਾਜ਼ਮੀ ਅਤੇ ਮੁਫਤ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਨਾ ਹੋਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਉਕਤ

ਮਿਤੀ,ਚੰਡੀਗੜ੍ਹ: 21 ਸਤੰਬਰ 2012

ਉਪਰੋਕਤ ਦਾ ਉਤਾਰਾ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ/ਐ.ਸਿ) ਨੂੰ ਇਸ ਹਦਾਇਤ ਨਾਲ ਕਿ ਕਿਸੇ ਵੀ ਅਧਿਆਪਕ ਨੂੰ ਸਕੂਲ ਦੇ ਸਮੇਂ ਦੌਰਾਨ ਕਿਸੇ ਵੋਟਰ ਸੁਧਾਈ ਸੂਚੀ ਡਿਊਟੀ ਜਾਂ ਬੀ.ਐਲ.ਓ ਡਿਊਟੀ ਲਈ ਰੀਲੀਵ ਨਾ ਕੀਤਾ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ